ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਧਾਰਮਿਕ ਮੁਕਾਬਲਿਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਮੈਂਬਰ। ਤਸਵੀਰ:ਮਨਜੀਤ ਸਿੰਘ

ਗੁਰਦੁਆਰਾ ਸੰਤਸਰ ਹੰਸਲੀ ਸਾਹਿਬ ਅਲਾਦੀਨਪੁਰ ਵਿਖੇ ਧਾਰਮਿਕ ਮੁਕਾਬਲੇ ਕੱਲ੍ਹ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)- ਗੁਰਦੁਆਰਾ ਸੰਤਸਰ ਹੰਸਲੀ ਸਾਹਿਬ ਅਲਾਦੀਨਪੁਰ ਤਰਨ ਤਾਰਨ ਵਿਖੇ 29 ਨਵੰਬਰ ਨੂੰ ਦਸਤਾਰ, ਦੁਮਾਲਾ, ਗੁਰਬਾਣੀ ਕੰਠ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਜਾ ਰਹੇ ਹਨ। ਉਕਤ ਮੁਕਾਬਲੇ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਪੰਜਾਬ ਵਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਪਿਆਰੇ ਗੁਰਸਿੱਖਾਂ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਬਾਬਾ ਗੁਰਮੁਖ ਸਿੰਘ ਪਟਿਆਲੇ ਵਾਲਿਆਂ ਦੀ ਸਲਾਨਾ ਯਾਦ ਨੂੰ ਸਮਰਪਿਤ ਬਾਬਾ ਸੁਖਦੀਪ ਸਿੰਘ, ਮਾਸਟਰ ਸੁਖਰਾਜ ਸਿੰਘ ਬੋਪਾਰਾਏ ਅਤੇ ਲਵਲੀਨ ਕੌਰ ਦੇ ਸਹਿਯੋਗ ਸਦਕਾ ਕਰਵਾਏ ਜਾ ਰਹੇ ਹਨ। ਜਾਣਕਾਰੀ ਦਿੰਦੇ ਹੋਏ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਪੰਜਵੀਂ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀ ਅਤੇ ਵਿਦਿਆਰਥਣਾਂ ਭਾਗ ਲੈ ਸਕਦੇ ਹਨ। ਮੁਕਾਬਲਿਆਂ ਵਿਚ ਓਪਨ ਦੇ ਵਿਚ ਵੀ ਬੱਚੇ ਭਾਗ ਲੈ ਸਕਦੇ ਹਨ, ਕਿਸੇ ਵੀ ਬੱਚੇ ਕੋਲੋਂ ਕੋਈ ਵੀ ਐਂਟਰੀ ਫੀਸ ਪੈਸੇ ਦੇ ਰੂਪ ਵਿਚ ਨਹੀਂ ਲਈ ਜਾਵੇਗੀ। ਬੱਚਿਆਂ ਦੇ ਗੁਰੁੱਪ ਬਣਾ ਕੇ ਇਹ ਮੁਕਾਬਲੇ ਕਰਵਾਏ ਜਾਣਗੇ। ਗਰੁੱਪ ਵਿਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਪ੍ਰਭਾਵਸ਼ਾਲੀ ਸ਼ੀਲਡਾਂ ਅਤੇ ਧਾਰਮਿਕ ਸਾਹਿਤ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਬਾਕੀ ਸਾਰਿਆਂ ਬੱਚਿਆਂ ਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਸਕੂਲਾਂ ਦੇ ਡਾਇਰੈਕਟਰ, ਪ੍ਰਿੰਸੀਪਲ ਅਤੇ ਅਧਿਆਪਕਾਂ ਨੂੰ ਇਨ੍ਹਾਂ ਮੁਕਾਬਲਿਆਂ ਵਿਚ ਬੱਚਿਆਂ ਨੂੰ ਭੇਜਣ ਦੇ ਲਈ ਅਪੀਲ ਕੀਤੀ। ਇਸ ਮੌਕੇ ਮੀਤ ਪ੍ਰਧਾਨ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਹਰਚਰਨ ਸਿੰਘ ਉਬੋਕੇ, ਖਜਾਨਚੀ ਗੁਰਜੰਟ ਸਿੰਘ, ਜ਼ਿਲ੍ਹਾ ਕੁਆਰਡੀਨੇਟਰ ਮਨਦੀਪ ਸਿੰਘ ਘੋਲੀਆ, ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ, ਹਰਜੀਤ ਸਿੰਘ ਲਹਿਰੀ, ਆਕਾਸ਼ਦੀਪ ਸਿੰਘ, ਵਜ਼ੀਰ ਸਿੰਘ, ਸਾਜਨਪ੍ਰੀਤ ਸਿੰਘ, ਹਰਮਨਦੀਪ ਸਿੰਘ, ਸੁਖਮਨਦੀਪ ਸਿੰਘ, ਹੁਸਨਦੀਪ ਸਿੰਘ, ਰਣਬੀਰ ਸਿੰਘ, ਸੁਖਵਿੰਦਰ ਸਿੰਘ ਖਾਲੜਾ, ਗੁਰਮੀਤ ਸਿੰਘ ਮਾਲੂਵਾਲ, ਭਾਈ ਦੀਦਾਰ ਸਿੰਘ, ਭਾਈ ਦਵਿੰਦਰ ਸਿੰਘ ਕੈਰੋਂ, ਭਾਈ ਗੁਰਨਿਸ਼ਾਨ ਸਿੰਘ ਪੱਟੀ ਆਦਿ ਹਾਜਰ ਸਨ।

ਲਾਲਜੀਤ ਭੁੱਲਰ ਨੇ 674 ਲਾਭਪਾਤਰੀ ਪਰਿਵਾਰਾਂ ਨੂੰ ਮਕਾਨਾਂ ਦੀ ਉਸਾਰੀ ਲਈ ਮਨਜ਼ੂਰੀ ਪੱਤਰ ਵੰਡੇ

ਪੱਟੀ, 27 ਨਵੰਬਰ (ਅਵਤਾਰ ਸਿੰਘ ਖਹਿਰਾ, ਕੁਲਵਿੰਦਰਪਾਲ ਸਿੰਘ ਕਾਲੇਕੇ)- ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਪੱਟੀ ਵਿਖੇ ਹਲਕੇ ਨਾਲ ਸੰਬੰਧਿਤ 674 ਲਾਭਪਾਤਰੀ ਪਰਿਵਾਰਾਂ ਨੂੰ ਨਵੇਂ ਮਕਾਨ ਬਣਾਉਣ ਲਈ ਮੰਨਜ਼ੂਰੀ ਪੱਤਰ ਜਾਰੀ ਕੀਤੇ ਹਨ। ਇਨ੍ਹਾਂ ਲਾਭਪਾਤਰੀ ਪਰਿਵਾਰਾਂ ਵਿਚ ਨਗਰ ਕੌਂਸਲ ਪੱਟੀ ਅਧੀਨ ਆਉਂਦੇ 237 ਅਤੇ ਪੱਟੀ ਹਲਕੇ ਦੇ ਵੱਖ-ਵੱਖ ਪਿੰਡਾਂ ਨਾਲ ਸੰਬੰਧਿਤ 437 ਪਰਿਵਾਰ ਸ਼ਾਮਿਲ ਹਨ। ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਭੁੱਲਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਅਵਾਸ ਯੋਜਨਾ ਸਕੀਮ ਤਹਿਤ ਸ਼ਹਿਰੀ ਖੇਤਰ ਨਾਲ ਸੰਬੰਧਿਤ ਲਾਭਪਾਤਰੀ ਪਰਿਵਾਰਾਂ ਨੂੰ 2 ਲੱਖ 50 ਹਜ਼ਾਰ ਰੁਪਏ ਮਕਾਨ ਬਣਾਉਣ ਲਈ ਦਿੱਤੇ ਜਾਣਗੇ ਅਤੇ ਪੇਂਡੂ ਖੇਤਰ ਨਾਲ ਸੰਬੰਧਿਤ ਲਾਭਪਾਤਰੀ ਪਰਿਵਾਰਾਂ ਨੂੰ 1 ਲੱਖ 20 ਹਜ਼ਾਰ ਰੁਪਏ ਮਕਾਨ ਬਣਾਉਣ ਅਤੇ ਮਨਰੇਗਾ ਸਕੀਮ ਤਹਿਤ ਘਰ ਵਿਚ ਮਜ਼ਦੂਰੀ ਕਰਨ ਲਈ 31 ਹਜ਼ਾਰ ਰੁਪਏ ਸਮੇਤ 12 ਹਜ਼ਾਰ ਰੁਪਏ ਬਾਥਰੂਮ ਬਣਾਉਣ ਲਈ ਵੱਖਰੇ ਤੌਰ 'ਤੇ ਦਿੱਤੇ ਜਾਣਗੇ। ਉਨ੍ਹਾਂ ਨੇ ਮਕਾਨ ਉਸਾਰਨ ਲਈ ਸੰਬੰਧਿਤ ਅਧਿਕਾਰੀਆਂ ਅਤੇ ਪੰਚਾਇਤਾਂ ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਬਿਨਾਂ ਕਿਸੇ ਦੇਰੀ ਦੇ ਲਾਭਪਾਤਰੀ ਪਰਿਵਾਰਾਂ ਨੂੰ ਇਸ ਸਕੀਮ ਦਾ ਫਾਇਦਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿਚ ਪੱਟੀ ਹਲਕੇ ਅੰਦਰ ਹੜ੍ਹ ਦੇ ਪਾਣੀ ਨੇ ਫ਼ਸਲਾਂ ਤੇ ਰਿਹਾਇਸ਼ੀ ਮਕਾਨਾਂ ਦਾ ਭਾਰੀ ਨੁਕਸਾਨ ਕੀਤਾ ਸੀ ਅਤੇ ਸਰਕਾਰ ਵਲੋਂ ਖ਼ਰਾਬ ਹੋਈਆਂ ਫ਼ਸਲਾਂ ਦਾ ਮੁਆਵਜਾਂ ਪਹਿਲਾਂ ਹੀ ਪੀੜਤ ਕਿਸਾਨਾਂ ਨੂੰ ਜਾਰੀ ਕਰ ਦਿੱਤਾ ਗਿਆ ਹੈ ਅਤੇ ਹੁਣ ਪੇਂਡੂ ਖੇਤਰਾਂ ਵਿਚ ਹੜ੍ਹ ਪੀੜਤ ਪਰਿਵਾਰਾਂ ਦੇ ਨੁਕਸਾਨੇ ਗਏ ਰਿਹਾਇਸ਼ੀ ਘਰਾਂ ਨੂੰ ਨਵੇਂ ਸਿਰਿਓਂ ਉਸਾਰਨ ਲਈ ਇਸ ਯੋਜਨਾ ਦਾ ਲਾਭ ਵੀ ਦਿੱਤਾ ਜਾ ਰਿਹਾ ਹੈ। ਇਸ ਮੌਕੇ ਬੀ.ਡੀ.ਪੀ.ਓ. ਗੁਰਜੀਤ ਸਿੰਘ ਪੱਟੀ, ਚੇਅਰਮੈਨ ਦਿਲਬਾਗ ਸਿੰਘ, ਵਰਿੰਦਰਜੀਤ ਹੀਰਾ ਭੁੱਲਰ, ਚੇਅ. ਗੁਰਪਿੰਦਰ ਸਿੰਘ ਉੱਪਲ ਮੀਡੀਆ ਸਲਾਹਕਾਰ, ਅਵਤਾਰ ਸਿੰਘ ਢਿੱਲੋਂ, ਸੋਸ਼ਲ ਮੀਡੀਆ ਇੰਚਾਰਜ ਮੋਹਿਤ ਅਰੋੜਾ, ਕੌਂਸਲਰ ਕਮਲ ਕੁਮਾਰ, ਬਿੱਲਾ ਜੋਸਨ, ਮਲਕੀਤ ਮੱਲੂ, ਐਸ.ਐਚ.ਓ. ਕੁਲਵੰਤ ਰਾਏ, ਸਰਪੰਚ ਗੁਰਦਿਆਲ ਸਿੰਘ ਮਰਹਾਣਾ, ਸਰਪੰਚ ਗੁਰਪ੍ਰਤਾਪ ਸਿੰਘ ਲਾਡੀ, ਮਨਪ੍ਰੀਤ ਸਿੰਘ ਮੰਨਾ, ਸੋਨੂੰ ਭੁੱਲਰ ਕਿਰਤੋਵਾਲ, ਗੁਰਪ੍ਰੀਤ ਸਿੰਘ ਲਾਲ, ਧਰਮਿੰਦਰ ਸਿੰਘ ਕੌਂਸਲਰ, ਰਣਜੀਤ ਸਿੰਘ ਮਾਹਲਾ ਆਦਿ ਹਾਜ਼ਰ ਸਨ।

ਪੱਟੀ ਵਿਖੇ ਲਾਭਪਾਤਰੀਆਂ ਨੂੰ ਮੰਨਜ਼ੂਰੀ ਪੱਤਰ ਦਿੰਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ। ਤਸਵੀਰ: ਖਹਿਰਾ

ਕਸਬਾ ਫਤਿਆਬਾਦ ਵਿਖੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੌਕੇ ਅਰਦਾਸ 'ਚ ਸ਼ਾਮਿਲ ਸਰਪੰਚ ਜਗਵਿੰਦਰ ਸਿੰਘ ਮੱਣਕੂ ਅਤੇ ਮੈਂਬਰਾਂ ਤੋਂ ਇਲਾਵਾ ਪਤਵੰਤੇ ਸੱਜਣ। ਤਸਵੀਰ: ਧੁੰਦਾ

ਕਸਬੇ ਦੇ ਨਵੀਨੀਕਰਨ ਲਈ ਕਸਬਾ ਫਤਿਆਬਾਦ ਵਿਖੇ ਸਰਪੰਚ ਵਲੋਂ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ

ਫਤਿਆਬਾਦ, 27 ਨਵੰਬਰ (ਹਰਵਿੰਦਰ ਸਿੰਘ ਧੁੰਦਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਅਧੀਨ ਆਉਂਦੇ ਪਿੰਡ ਫਤਿਆਬਾਦ ਦੀ ਗ੍ਰਾਮ ਪੰਚਾਇਤ ਵਲੋਂ ਸਰਪੰਚ ਜਗਵਿੰਦਰ ਸਿੰਘ ਦੀ ਅਗਵਾਈ ਹੇਠ ਲੜਕੀਆਂ ਵਾਲੇ ਸਕੂਲ ਦੇ ਨਜ਼ਦੀਕ ਛੱਪੜ ਦੇ ਨਵੀਨੀਕਰਨ ਲਈ ਬਾਬਾ ਜਸਕਰਨ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਰਪੰਚ ਜਗਵਿੰਦਰ ਸਿੰਘ ਨੇ ਕਿਹਾ ਕਿ ਛੱਪੜ ਵਿਚ ਬੂਟੀ ਅਤੇ ਗਾਰ ਦੀ ਬਹੁਤਾਂਤ ਕਾਰਨ ਛੱਪੜ ਦਾ ਗੰਦਾ ਪਾਣੀ ਆਲੇ ਦੁਆਲੇ ਰਹਿ ਰਹੇ ਲੋਕਾਂ ਲਈ ਮੁਸੀਬਤ ਦਾ ਕਾਰਨ ਬਣਿਆ ਹੋਇਆ ਸੀ। ਛੱਪੜ ਦੇ ਗੰਦੇ ਪਾਣੀ ਕਾਰਨ ਬਿਮਾਰੀਆਂ ਫੈਲਣ ਦਾ ਖ਼ਦਸ਼ਾ ਬਣਿਆ ਹੋਇਆ ਸੀ, ਜਿਸ ਕਾਰਨ ਗ੍ਰਾਮ ਪੰਚਾਇਤ ਵਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਜੇ.ਸੀ.ਬੀ ਮਸ਼ੀਨ ਨਾਲ ਛੱਪੜ ਦੀ ਸਫਾਈ ਕਰਵਾਈ ਜਾ ਰਹੀ ਹੈ। ਸਰਪੰਚ ਜਗਵਿੰਦਰ ਸਿੰਘ ਨੇ ਕਿਹਾ ਕਿ ਗ੍ਰਾਮ ਪੰਚਾਇਤ ਪਿੰਡ ਫਤਿਆਬਾਦ ਦੇ ਸਰਬਪੱਖੀ ਵਿਕਾਸ ਲਈ ਵਚਨਬੱਧਤਾ ਨਾਲ ਯਤਨਸ਼ੀਲ਼ ਹੋਕੇ ਨਿਰੰਤਰ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹੇਗੀ। ਇਸ ਮੌਕੇ ਸਰਪੰਚ ਜਗਵਿੰਦਰ ਸਿੰਘ ਤੋਂ ਇਲਾਵਾ ਮਹਿੰਦਰ ਸਿੰਘ ਕੰਬੋਜ, ਕੁਲਦੀਪ ਸਿੰਘ ਕੰਬੋਜ, ਕਸ਼ਮੀਰ ਸਿੰਘ ਸਹੋਤਾ, ਲਖਵਿੰਦਰ ਸਿੰਘ ਕਾਨੂੰਗੋ, ਨੰਬਰਦਾਰ ਸੁਖਦੇਵ ਸਿੰਘ, ਕਾਮਰੇਡ ਬਲਜੀਤ ਸਿੰਘ, ਜਗਜੀਤ ਸਿੰਘ ਕਾਲੂ, ਮੈਂਬਰ ਪੰਚਾਇਤ ਜਸਬੀਰ ਸਿੰਘ ਸਾਹਬੀ, ਬਲਵਿੰਦਰ ਸਿੰਘ ਸਾਹਬੀ, ਮੈਂਬਰ ਸੁਖਦੇਵ ਰਾਜ ਸੁੱਖ, ਚਰਨਜੀਤ ਸਿੰਘ ਦਿਓਲ, ਕੁਲਦੀਪ ਸਿੰਘ ਸਹੋਤਾ, ਠੇਕੇਦਾਰ ਬਲਕਾਰ ਸਿੰਘ, ਹਰਜੀਤ ਸਿੰਘ ਬਿਜਲੀ, ਮਲਕੀਤ ਸਿੰਘ ਮੀਤਾ, ਸੁਖਵਿੰਦਰ ਸਿੰਘ ਮਿੱਸੂ, ਬਲਦੇਵ ਸਿੰਘ ਜੇਈ, ਸੁੱਚਾ ਸਿੰਘ, ਰਾਮ ਲੁਭਾਇਆ, ਬਲਵੰਤ ਸਿੰਘ ਲਵਲੀ, ਧਰਮਵੀਰ ਸਿੰਘ, ਸੁਖਵੰਤ ਸਿੰਘ ਭੱਪੀ ਆਦਿ ਹਾਜ਼ਰ ਸਨ। ਇਸ ਮੌਕੇ ਪਿੰਡ ਦੇ ਹੋਰ ਵਿਕਾਸ ਕਾਰਜਾਂ ਬਾਰੇ ਵੀ ਪਤਵੰਤੇ ਸੱਜਣਾਂ ਨਾਲ ਸਲਾਹ ਮਸ਼ਵਰਾ ਕੀਤਾ ਗਿਆ।

ਬਾਬਾ ਸੁੱਖਾ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਪਿੰਡ ਬੱਠੇ ਭੈਣੀ ਦੇ ਨਿਵਾਸੀ। ਤਸਵੀਰ: ਖਹਿਰਾ

ਪਿੰਡ ਬੱਠੇ ਭੈਣੀ ਦੀ ਸੰਗਤ ਅਤੇ ਪੰਚਾਇਤ ਵਲੋਂ ਸੰਤ ਬਾਬਾ ਸੁੱਖਾ ਸਿੰਘ ਦਾ ਸਨਮਾਨ

ਪੱਟੀ, 27 ਨਵੰਬਰ (ਅਵਤਾਰ ਸਿੰਘ ਖਹਿਰਾ, ਕੁਲਵਿੰਦਰਪਾਲ ਸਿੰਘ ਕਾਲੇਕੇ)- ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਅਤੇ ਸੰਤ ਬਾਬਾ ਹਾਕਮ ਸਿੰਘ ਵਲੋਂ ਇਸ ਸਾਲ ਆਏ ਹੜ੍ਹਾਂ ਦੌਰਾਨ ਵੱਡੀਆਂ ਸੇਵਾਵਾਂ ਨਿਭਾਈਆਂ ਗਈਆਂ ਹਨ। ਸੰਤ ਬਾਬਾ ਸੁੱਖਾ ਸਿੰਘ ਜਿੱਥੇ ਆਪ ਹੱਥੀਂ ਦਿਨ-ਰਾਤ ਸੇਵਾ ਵਿਚ ਜੁਟੇ ਰਹਿੰਦੇ, ਉੱਥੇ ਨਾਲ ਹੀ ਸੰਗਤਾਂ ਨੂੰ ਪ੍ਰੇਰਨਾ ਦੇ ਕੇ ਸੇਵਾ ਸਿਮਰਨ ਦੀ ਬਖਸ਼ਿਸ਼ ਕਰਦੇ ਰਹਿੰਦੇ ਹਨ। ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਨਾਲ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਜੁੜੀਆਂ ਹੋਈਆਂ ਹਨ, ਜੋ ਸਮੇਂ-ਸਮੇਂ ਸੇਵਾ ਲਈ ਪਹੁੰਚਦੀਆਂ ਰਹਿੰਦੀਆਂ ਹਨ। ਸੰਗਤਾਂ ਦੀ ਬੇਨਤੀ ਤੇ ਸੰਤ ਬਾਬਾ ਸੁੱਖਾ ਸਿੰਘ ਇਲਾਕੇ ਦੇ ਪਿੰਡਾਂ ਵਿਚ ਵਿਚਰਦੇ ਰਹਿੰਦੇ ਹਨ ਅਤੇ ਹਰੇਕ ਲੋੜਵੰਦ ਅਤੇ ਪੀੜਤ ਦੀ ਪੀੜਾ ਹਰਨ ਲਈ ਸੁਹਿਰਦ ਯਤਨ ਕਰਦੇ ਹਨ। ਸੰਤ ਬਾਬਾ ਸੁੱਖਾ ਸਿੰਘ ਤਹਿਸੀਲ ਪੱਟੀ ਦੇ ਪਿੰਡ ਬੱਠੇ ਭੈਣੀ ਵਿਖੇ ਪਹੁੰਚੇ, ਜਿੱਥੇ ਸੰਗਤ ਅਤੇ ਪੰਚਾਇਤ ਵਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸਰਪੰਚ ਗੁਰਸੇਵਕ ਸਿੰਘ ਨੇ ਆਖਿਆ ਕਿ ਮਹਾਂਪੁਰਖ ਸੰਤ ਬਾਬਾ ਸੁੱਖਾ ਸਿੰਘ ਦਾ ਸਮੂਹ ਨਗਰ ਪੰਚਾਇਤ ਅਤੇ ਸਿੱਖ ਸੰਗਤ ਵਲੋਂ ਹਾਰਦਿਕ ਸਵਾਗਤ ਕਰਦੇ ਹਾਂ। ਉਨ੍ਹਾਂ ਵਲੋਂ ਹੜ੍ਹਾਂ ਵਿਚ ਜੋ ਸੇਵਾਵਾਂ ਨਿਭਾਈਆਂ ਗਈਆਂ ਹਨ, ਉਨ੍ਹਾਂ ਸਾਰੀਆਂ ਸੇਵਾਵਾਂ ਦੀ ਜਿੰਨੀ ਵੀ ਪ੍ਰਸੰਸਾ ਕੀਤੀ ਜਾਵੇ, ਘੱਟ ਹੈ। ਇਸ ਮੌਕੇ ਗੁਰਜੀਤ ਸਿੰਘ ਸ਼ਾਹ, ਲਖਵਿੰਦਰ ਸਿੰਘ ਸ਼ਾਹ, ਡਾ. ਗੁਰਮੇਜ ਸਿੰਘ, ਡਾ. ਮਨਦੀਪ ਸਿੰਘ, ਸਤਨਾਮ ਸਿੰਘ, ਜਰਨੈਲ ਸਿੰਘ, ਗੁਰਭੇਜ ਸਿੰਘ, ਜਸਦੀਪ ਸਿੰਘ ਸ਼ਾਹ, ਹਰਮਨ ਸਿੰਘ ਸ਼ਾਹ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ, ਹਰਪ੍ਰੀਤ ਸਿੰਘ ਮੈਂਬਰ, ਪਵਨਪ੍ਰੀਤ ਸਿੰਘ, ਇੰਦਰਜੀਤ ਸਿੰਘ ਮੈਂਬਰ, ਸੁਖਜਿੰਦਰ ਸਿੰਘ ਸਾਬਕਾ ਸਰਪੰਚ ਅਤੇ ਹੋਰ ਬੇਅੰਤ ਸੰਗਤ ਹਾਜ਼ਰ ਸੀ।

ਡੇਅਰੀ ਉੱਦਮ ਸਿਖਲਾਈ ਕੋਰਸ 1 ਦਸੰਬਰ ਤੋਂ ਸ਼ੁਰੂ

ਤਰਨ ਤਾਰਨ, 27 ਨਵੰਬਰ (ਇਕਬਾਲ ਸਿੰਘ ਸੋਢੀ)-ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਕੁਲਦੀਪ ਸਿੰਘ ਜੱਸੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੇਅਰੀ ਵਿਕਾਸ ਵਿਭਾਗ ਵਲੋਂ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ 4 ਹਫਤੇ ਦਾ ਡੇਅਰੀ ਉੱਦਮ ਸਿਖਲਾਈ ਕੋਰਸ ਮਿਤੀ 1 ਦਸੰਬਰ ਤੋਂ 30 ਦਸੰ